ਮਲਾਰ ॥ ਮੋ ਕਉ ਤੂੰ ਨ ਬਿਸਾਰਿ ਤੂ ਨ ਬਿਸਾਰਿ ॥ ਤੂ ਨ ਬਿਸਾਰੇ ਰਾਮਈਆ ॥ ੧॥ ਰਹਾਉ ॥ ਆਲਾਵੰਤੀ ਇਹੁ ਭ੍ਰਮੁ ਜੋ ਹੈ ਮੁਝ ਊਪਰਿ ਸਭ ਕੋਪਿਲਾ ॥ ਸੂਦੁ ਸੂਦੁ ਕਰਿ ਮਾਰਿ ਉਠਾਇਓ ਕਹਾ ਕਰਉ ਬਾਪ ਬੀਠੁਲਾ ॥੧॥ ਮੂਏ ਹੂਏ ਜਉ ਮੁਕਤਿ ਦੇਹੁਗੇ ਮੁਕਤਿ ਨ ਜਾਨੈ ਕੋਇਲਾ ॥ ਏ ਪੰਡੀਆ ਮੋ ਕਉ ਢੇਢ ਕਹਤ ਤੇਰੀ ਪੈਜ ਪਿਛੰਉਡੀ ਹੋਇਲਾ ॥ ੨॥ ਤੂ ਜੁ ਦਇਆਲੁ ਕ੍ਰਿਪਾਲੁ ਕਹੀਅਤੁ ਹੈਂ ਅਤਿਭੁਜ ਭਇਓ ਅਪਾਰਲਾ ॥ ਫੇਰਿ ਦੀਆ ਦੇਹੁਰਾ ਨਾਮੇ ਕਉ ਪੰਡੀਅਨ ਕਉ ਪਿਛਵਾਰਲਾ ॥੩॥੨॥ {ਪੰਨਾ 1292}

ਪਦ ਅਰਥ:- ਨ ਬਿਸਾਰੇ—ਨ ਬਿਸਾਰਿ। ਰਾਮਈਆ—ਹੇ ਸੁਹਣੇ ਰਾਮ!।1। ਰਹਾਉ।

ਆਲਾਵੰਤੀ—(ਆਲਯ—ਘਰ, ਉੱਚਾ ਘਰ, ਉੱਚੀ ਜਾਤ) ਅਸੀਂ ਘਰ ਵਾਲੇ ਹਾਂ, ਅਸੀਂ ਉੱਚੇ ਘਰਾਣੇ ਵਾਲੇ ਹਾਂ, ਅਸੀਂ ਉੱਚੀ ਜਾਤ ਵਾਲੇ ਹਾਂ। ਭ੍ਰਮੁ—ਵਹਿਮ, ਭੁਲੇਖਾ। ਕੋਪਿਲਾ—ਕੋਪ ਕੀਤਾ ਹੈ, ਕ੍ਰੋਧ ਕੀਤਾ ਹੈ, ਗੁੱਸੇ ਹੋ ਗਏ ਹਨ। ਸੂਦੁ—ਸ਼ੂਦਰ। ਸੂਦੁ ਸੂਦੁ ਕਰਿ—ਸ਼ੂਦਰ ਆ ਗਿਆ, ਸ਼ੂਦਰ ਆ ਗਿਆ—ਇਹ ਆਖ ਆਖ ਕੇ। ਮਾਰਿ—ਮਾਰ ਕੁਟਾਈ ਕਰ ਕੇ। ਕਹਾ ਕਰਉ—ਮੈਂ ਕੀਹ ਕਰਾਂ? ਇਹਨਾਂ ਅੱਗੇ ਮੇਰੀ ਇਕੱਲੇ ਦੀ ਪੇਸ਼ ਨਹੀਂ ਜਾਂਦੀ। ਬਾਪ ਬੀਠੁਲਾ—ਹੇ ਬੀਠੁਲਾ—(Skt. ivÕTl One situated at a distance) ਮਾਇਆ ਦੇ ਪ੍ਰਭਾਵ ਤੋਂ ਪਰੇ ਹੈ।1।

ਜਉ—ਜੇ। ਕੋਇਲਾ—ਕੋਈ ਭੀ। ਪੰਡੀਆ—ਪਾਂਡੇ, ਪੁਜਾਰੀ। ਮੋ ਕਉ—ਮੈਨੂੰ। ਢੇਢ—ਨੀਚ। ਪੈਜ—ਇੱਜ਼ਤ। ਪਿਛੰਉਡੀ ਹੋਇਲਾ—ਪਿਛੇਤਰੀ ਹੋ ਰਹੀ ਹੈ, ਪਿੱਛੇ ਪੈ ਰਹੀ ਹੈ, ਘਟ ਗਈ ਹੈ।2।

ਅਤਿਭੁਜ—ਵੱਡੀਆਂ ਭੁਜਾਂ ਵਾਲਾ, ਬਹੁਤ ਬਲੀ। ਅਪਾਰਲਾ—ਬੇਅੰਤ। ਨਾਮੇ ਕਉ—ਨਾਮਦੇਵ ਵਲ। ਪੰਡੀਅਨ ਕਉ—ਪਾਂਡਿਆਂ ਵਲ, ਪੁਜਾਰੀਆਂ ਵਲ। ਪਿਛਵਾਰਲਾ—ਪਿਛਲਾ ਪਾਸਾ, ਪਿੱਠ।3।

ਅਰਥ:- ਹੇ ਸੁਹਣੇ ਰਾਮ! ਮੈਨੂੰ ਤੂੰ ਨਾ ਵਿਸਾਰੀਂ, ਮੈਨੂੰ ਤੂੰ ਨਾ ਭੁਲਾਈਂ, ਮੈਨੂੰ ਤੂੰ ਨਾ ਵਿਸਾਰੀਂ।1। ਰਹਾਉ।

(ਇਹਨਾਂ ਪਾਂਡਿਆਂ ਨੂੰ) ਇਹ ਵਹਿਮ ਹੈ ਕਿ ਇਹ ਉੱਚੀ ਜਾਤੀ ਵਾਲੇ ਹਨ, (ਇਸ ਕਰਕੇ ਇਹ) ਸਾਰੇ ਮੇਰੇ ਉੱਤੇ ਗੁੱਸੇ ਹੋ ਗਏ ਹਨ; ਸ਼ੂਦਰ ਸ਼ੂਦਰ ਆਖ ਆਖ ਕੇ ਤੇ ਮਾਰ-ਕੁਟਾਈ ਕਰ ਕੇ ਮੈਨੂੰ ਇਹਨਾਂ ਨੇ ਉਠਾਲ ਦਿੱਤਾ ਹੈ; ਹੇ ਮੇਰੇ ਬੀਠੁਲ ਪਿਤਾ! ਇਹਨਾਂ ਅੱਗੇ ਮੇਰੀ ਇਕੱਲੇ ਦੀ ਪੇਸ਼ ਨਹੀਂ ਜਾਂਦੀ।1।

ਜੇ ਤੂੰ ਮੈਨੂੰ ਮਰਨ ਪਿੱਛੋਂ ਮੁਕਤੀ ਦੇ ਦਿੱਤੀ, ਤੇਰੀ ਦਿੱਤੀ ਹੋਈ ਮੁਕਤੀ ਦਾ ਕਿਸੇ ਨੂੰ ਪਤਾ ਨਹੀਂ ਲੱਗਣਾ; ਇਹ ਪਾਂਡੇ ਮੈਨੂੰ ਨੀਚ ਆਖ ਰਹੇ ਹਨ, ਇਸ ਤਰ੍ਹਾਂ ਤਾਂ ਤੇਰੀ ਆਪਣੀ ਹੀ ਇੱਜ਼ਤ ਘੱਟ ਰਹੀ ਹੈ (ਕੀ ਤੇਰੀ ਬੰਦਗੀ ਕਰਨ ਵਾਲਾ ਕੋਈ ਬੰਦਾ ਨੀਚ ਰਹਿ ਸਕਦਾ ਹੈ?)।2।

(ਹੇ ਸੁਹਣੇ ਰਾਮ!) ਤੂੰ ਤਾਂ (ਸਭਨਾਂ ਉੱਤੇ, ਚਾਹੇ ਕੋਈ ਨੀਚ ਕੁਲ ਦਾ ਹੋਵੇ ਚਾਹੇ ਉੱਚੀ ਕੁਲ ਦਾ) ਦਇਆ ਕਰਨ ਵਾਲਾ ਹੈਂ, ਤੂੰ ਮਿਹਰ ਦਾ ਘਰ ਹੈਂ, (ਫਿਰ ਤੂੰ) ਹੈਂ ਭੀ ਬੜਾ ਬਲੀ ਤੇ ਬੇਅੰਤ। (ਕੀ ਤੇਰੇ ਸੇਵਕ ਉੱਤੇ ਕੋਈ ਤੇਰੀ ਮਰਜ਼ੀ ਤੋਂ ਬਿਨਾ ਧੱਕਾ ਕਰ ਸਕਦਾ ਹੈ?) (ਮੇਰੀ ਨਾਮਦੇਵ ਦੀ ਅਰਜ਼ੋਈ ਸੁਣ ਕੇ ਪ੍ਰਭੂ ਨੇ) ਦੇਹੁਰਾ ਮੈਂ ਨਾਮਦੇਵ ਵਲ ਫੇਰ ਦਿੱਤਾ, ਤੇ ਪਾਂਡਿਆਂ ਵਲ ਪਿੱਠ ਹੋ ਗਈ।3।2।

ਨੋਟ:- ਜੇ ਨਾਮਦੇਵ ਜੀ ਕਿਸੇ ਬੀਠੁਲ-ਮੂਰਤੀ ਦੇ ਪੁਜਾਰੀ ਹੁੰਦੇ, ਤਾਂ ਉਹ ਪੂਜਾ ਆਖ਼ਰ ਤਾਂ ਬੀਠੁਲ ਦੇ ਮੰਦਰ ਵਿਚ ਜਾ ਕੇ ਹੀ ਹੋ ਸਕਦੀ ਸੀ, ਤੇ ਬੀਠੁਲ ਦੇ ਮੰਦਰ ਵਿਚ ਰੋਜ਼ ਜਾਣ ਵਾਲੇ ਨਾਮਦੇਵ ਨੂੰ ਇਹ ਪਾਂਡੇ ਧੱਕੇ ਕਿਉਂ ਮਾਰਦੇ? ਇਸ ਮੰਦਰ ਵਿਚੋਂ ਧੱਕੇ ਖਾ ਕੇ ਨਾਮਦੇਵ ਬੀਠੁਲ ਅੱਗੇ ਪੁਕਾਰ ਕਰ ਰਿਹਾ ਹੈ, ਇਹ ਮੰਦਰ ਜ਼ਰੂਰ ਬੀਠੁਲ ਦਾ ਹੀ ਹੋਵੇਗਾ। ਇਥੋਂ ਧੱਕੇ ਪੈਣ ਤੋਂ ਹੀ ਸਾਫ਼ ਜ਼ਾਹਰ ਹੈ ਕਿ ਨਾਮਦੇਵ ਇਸ ਤੋਂ ਪਹਿਲਾਂ ਕਦੇ ਕਿਸੇ ਮੰਦਰ ਵਿਚ ਨਹੀਂ ਸੀ

ਗਿਆ, ਨਾ ਹੀ ਕਿਸੇ ਮੰਦਰ ਵਿਚ ਧਰੀ ਕਿਸੇ ਬੀਠੁਲ-ਮੂਰਤੀ ਦਾ ਉਹ ਪੁਜਾਰੀ ਸੀ। ਬੀਠੁਲ-ਮੂਰਤੀ ਕ੍ਰਿਸ਼ਨ ਜੀ ਦੀ ਹੈ, ਪਰ 'ਰਹਾਉ' ਦੀ ਤੁਕ ਵਿਚ ਨਾਮਦੇਵ ਆਪਣੇ 'ਬੀਠੁਲ' ਨੂੰ 'ਰਮਈਆ' ਕਹਿ ਕੇ ਬੁਲਾਉਂਦਾ ਹੈ। ਕਿਸੇ ਇੱਕ ਅਵਤਾਰ ਦੀ ਮੂਰਤੀ ਦਾ ਪੁਜਾਰੀ ਆਪਣੇ ਇਸ਼ਟ ਨੂੰ ਦੂਜੇ ਅਵਤਾਰ ਦੇ ਨਾਮ ਨਾਲ ਯਾਦ ਨਹੀਂ ਕਰ ਸਕਦਾ। ਸੋ, ਇੱਥੇ ਨਾਮਦੇਵ ਉਸੇ ਮਹਾਨ 'ਬਾਪ' ਨੂੰ ਸੱਦ ਰਿਹਾ ਹੈ ਜਿਸ ਨੂੰ ਰਾਮ, ਬੀਠੁਲ, ਮੁਕੰਦ ਆਦਿਕ ਸਾਰੇ ਪਿਆਰੇ ਨਾਮਾਂ ਨਾਲ ਬੁਲਾਇਆ ਜਾ ਸਕਦਾ ਹੈ।

ਸ਼ਬਦ ਦਾ ਭਾਵ:- ਸਿਮਰਨ ਦਾ ਨਤੀਜਾ—ਨਿਰਭੈਤਾ ਅਤੇ ਅਣਖ-ਸ੍ਵੈਮਾਨ।